## ਪ੍ਰੀ-ਮੈਟ੍ਰਿਕ ਸਕਾਲਰਸ਼ਿਪ ਫਾਰ ਐਸ.ਸੀ. ਸਟੂਡੈਂਟਸ ਸਟੱਡਿੰਗ ਇੰਨ 9ਵੀ ਅਤੇ 10ਵੀਂ ਕਲਾਸ

ਭਾਰਤ ਸਰਕਾਰ, ਮਨਿਸਟਰੀ ਆਫ ਸੋਸ਼ਲ ਜਸਟਿਸ ਐਂਡ ਇੰਮਪਾਵਰਮੈਂਟ, ਨਵੀਂ ਦਿੱਲੀ ਵਲੋਂ ਅਨੁਸੂਚਿਤ ਜਾਤੀਆਂ ਨਾਲ ਸਬੰਧਤ 9ਵੀਂ ਅਤੇ 10ਵੀਂ ਜਮਾਤਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਲਈ ਮਿਤੀ 1-7-2012 ਤੋਂ ਪ੍ਰੀ-ਮੈਟ੍ਰਿਕ ਸਕਾਲਰਸ਼ਿਪ ਸਕੀਮ ਲਾਗੂ ਕੀਤੀ ਗਈ ਹੈ। ਇਸ ਸਕੀਮ ਤਹਿਤ ਉਨ੍ਹਾਂ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਨੂੰ ਲਾਭ ਦਿੱਤਾ ਜਾਂਦਾ ਹੈ, ਜਿਨ੍ਹਾਂ ਦੇ ਮਾਪਿਆਂ/ਸਰਪ੍ਰਸਤਾਂ ਦੀ ਸਾਲਾਨਾ ਆਮਦਨ 2.00 ਲੱਖ ਰੁਪਏ ਤੋਂ ਵੱਧ ਨਹੀਂ ਹੈ। ਇਸ ਸਕੀਮ ਤਹਿਤ 100% ਫੰਡਜ਼ ਕੇਂਦਰ ਸਰਕਾਰ ਵਲੋਂ ਖਰਚ ਕੀਤੇ ਜਾਣੇ ਹਨ ਅਤੇ ਪਿਛਲੇ ਪੰਜ ਸਾਲਾਂ ਯੋਜਨਾ ਦੇ ਟਰਮੀਨਲ ਸਾਲ ਦੇ ਹੋਏ ਖਰਚੇ ਨੂੰ ਸਟੇਟ ਦੀ ਕਮਿਟਿਡ ਲਾਇਬਿਲਟੀ ਵਜੋਂ ਮਿਥਿਆ ਜਾਵੇਗਾ।

ਇਸ ਸਕੀਮ ਤਹਿਤ ਪੰਜਾਬ ਰਾਜ ਦੇ 9ਵੀਂ ਤੋਂ 10ਵੀਂ ਜਮਾਤਾਂ ਦੇ ਪੜ੍ਹ ਰਹੇ ਵਿਦਿਆਰਥੀਆਂ ਨੂੰ 150/-ਰੁਪਏ ਪ੍ਰਤੀ ਮਹੀਨਾ, ਪ੍ਰਤੀ ਵਿਦਿਆਰਥੀ (10 ਮਹੀਨਿਆਂ ਲਈ) ਬਤੌਰ ਵਜੀਫਾ ਅਤੇ 750/-ਰੁਪਏ ਪ੍ਰਤੀ ਵਿਦਿਆਰਥੀ ਸਲਾਨਾ ਐਡਹਾਕ ਦੇਣ ਦੀ ਵਿਵਸਥਾ ਹੈ। ਇਸ ਸਕੀਮ ਤਹਿਤ ਸਬੰਧਤ ਵਿਦਿਆਰਥੀਆਂ ਨੂੰ ਲਾਭ ਦੇਣ ਲਈ ਡੀ.ਪੀ.ਆਈ.(ਸੈ:ਸਿ:), ਪੰਜਾਬ, ਮੋਹਾਲੀ ਤੋਂ ਸੂਚੀਆਂ ਪ੍ਰਾਪਤ ਕਰਨ ਉਪਰੰਤ ਸਰਕਾਰ ਰਾਹੀਂ ਭਾਰਤ ਸਰਕਾਰ ਦੀ ਪ੍ਰਵਾਨਗੀ ਲਈ ਭੇਜੀਆਂ ਜਾਂਦੀਆਂ ਹਨ।ਇਸ ਸਕੀਮ ਤਹਿਤ ਡੀ.ਪੀ.ਆਈ.(ਸੈ:ਸਿ:) ਵਲੋਂ ਵਿਦਿਆਰਥੀਆਂ ਦੀਆਂ ਸੂਚੀਆਂ ਪ੍ਰਾਪਤ ਹੋਣ ਤੇ ਆਨ ਲਾਈਨ ਬੈਕਿੰਗ ਸਿਸਟਮ ਰਾਹੀਂ ਵਜੀਫੇ ਦੀ ਅਦਾਇਗੀ ਕੀਤੀ ਜਾਂਦੀ ਹੈ।